ਡਾਇਰੈਕਟੋਰੇਟ, ਸਿਹਤ ਤੇ ਪਰਿਵਾਰ ਭਲਾਈ, ਪੰਜਾਬ,
ਪਰਿਵਾਰ ਕਲਿਆਣ ਭਵਨ, ਸੈਕਟਰ 34-ਏ, ਚੰਡੀਗੜ੍ਹ
(ਅਮਲਾ-5 ਸ਼ਾਖਾ)
(Email: e5dhspunjab404@gmail.com)

## ਜਨਤਕ ਸੂਚਨਾਂ

ਨੰ: ਈ-5(1)ਪੰ:2021/2272 ਮਿਤੀ: ਚੰਡੀਗੜ੍ਹ; 20/5/21

ਸਿਹਤ ਵਿਭਾਗ ਅਧੀਨ 482 ਫਾਰਮਾਸਿਸਟ (ਫਾਰਮੇਸੀ ਅਫਸਰ) ਦੀ ਭਰਤੀ ਲਈ ਇਸ਼ਤਿਹਾਰ ਮਿਤੀ 04.08.2020 ਨੂੰ ਜਾਰੀ ਕੀਤਾ ਗਿਆ ਸੀ। ਇਸ ਭਰਤੀ ਅਧੀਨ ਭਲਾਈ ਵਿਭਾਗ, ਪੰਜਾਬ ਦੇ ਪੱਤਰ ਨੰ: 1/24/2020-ਆਰ.ਸੀ.1/775 ਮਿਤੀ 18.12.2020 ਰਾਹੀਂ ਜਾਰੀ ਹਦਾਇਤਾਂ ਦੀ ਰੋਸ਼ਨੀ ਵਿੱਚ ਵਿਮੁਕਤ ਜਾਤੀ ਅਤੇ ਬਾਜੀਗਰ ਜਾਤੀ ਨਾਲ ਸਬੰਧਤ ਉਮੀਦਵਾਰਾਂ ਨੂੰ ਕੁੱਲ ਪ੍ਰਕਾਸ਼ਿਤ ਅਸਾਮੀਆਂ ਦਾ 2% ਦੇਣਾ ਬਣਦਾ ਹੈ। ਇਸ ਮੰਤਵ ਲਈ ਇਸ ਭਰਤੀ ਵਿੱਚ ਦਰਸਾਏ ਇਸ਼ਤਿਹਾਰ ਅਧੀਨ ਅਪਲਾਈ ਕਰਨ ਵਾਲੇ ਵਿਮੁਕਤ ਜਾਤੀ ਅਤੇ ਬਾਜੀਗਰ ਜਾਤੀ ਦੇ ਉਮੀਦਵਾਰ ਜਿਨ੍ਹਾਂ ਨੇ ਲਿਖਤੀ ਪ੍ਰੀਖਿਆ ਵਿੱਚ 33% ਅੰਕ ਹਾਸਿਲ ਕੀਤੇ ਹਨ, ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਪਬਲਿਕ ਨੋਟਿਸ ਦੇ ਜਾਰੀ ਹੋਣ ਤੋਂ ਬਾਅਦ ਮਿਤੀ 07.06.2021 ਤੱਕ ਡਾਇਰੈਕਟੋਰੇਟ, ਸਿਹਤ ਤੇ ਪਰਿਵਾਰ ਭਲਾਈ, ਪੰਜਾਬ, ਪਲਾਟ ਨੰ: 5, ਸੈਕਟਰ-34/ਏ, ਚੰਡੀਗੜ੍ਹ ਵਿਖੇ ਕਮਰਾ ਨੰਬਰ 404 ਵਿਖੇ ਲਿਖਤੀ ਰੂਪ ਵਿੱਚ ਆਪਣੀ ਦਰਖਾਸਤ ਸਮੇਤ ਜਾਤੀ ਸਰਟੀਫਿਕੇਟ ਜਮਾਂ ਕਰਵਾਏ ਜਾਣ। ਇਹ ਵੀ ਸੂਚਿਤ ਕੀਤਾ ਜਾਦਾ ਹੈ ਕਿ ਨਿਰਧਾਰਿਤ ਸਮੇਂ ਤੋਂ ਬਾਅਦ ਪ੍ਰਾਪਤ ਹੋਣ ਵਾਲੀ ਕਿਸੇ ਵੀ ਦਰਖਾਸਤ ਤੇ ਵਿਚਾਰ ਨਹੀਂ ਕੀਤਾ ਜਾਵੇਗਾ ਅਤੇ ਕੇਵਲ ਨਿਰਧਾਰਿਤ ਸਮੇਂ ਦੇ ਅੰਦਰ-ਅੰਦਰ ਦਾਰਖਾਸਤ ਦੇਣ ਵਾਲੇ ਉਮੀਦਵਾਰਾਂ ਦੇ ਨਾਵਾਂ ਤੇ ਹੀ ਵਿਚਾਰ ਕੀਤਾ ਜਾਵੇਗਾ।

ਇਹ ਸੂਚਨਾ ਸਿਹਤ ਵਿਭਾਗ ਦੀ ਵੈਬਸਾਈਟ www.pbhealth.gov.in ਅਤੇ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸੀਜ਼, ਫਰੀਦਕੋਟ ਦੀ ਵੈਬਸਾਈਟ www.bfuhs.ac.in ਤੇ ਵੀ ਵੇਖੀ ਜਾ ਸਕਦੀ ਹੈ।

19/5/21
ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ, ਪੰਜਾਬ।